# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :30-04-2026

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਜੰਮੂ ਤਵੀ ਰੇਲਵੇ ਸਟੇਸ਼ਨ ਤੋਂ ਅਗੇ ਵਧਾਈ ਗਈ ਸ਼੍ਰੀਨਗਰ-ਜੰਮੂ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ ਨੂੰ ਰਵਾਨਾ ਕੀਤਾ। ਇਸ ਮੌਕੇ ਕੇਂਦਰੀ ਰਾਜ ਮੰਤਰੀ ਜਿਤੇਂਦਰ ਸਿੰਘ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਵੀ ਮੌਜੂਦ ਰਹੇ। ਇਹ ਰੇਲਗੱਡੀ, ਜੋ ਪਹਿਲਾਂ ਸ਼੍ਰੀਨਗਰ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੱਕ ਚੱਲਦੀ ਸੀ, ਹੁਣ ਜੰਮੂ ਤਵੀ ਤੱਕ ਚੱਲੇਗੀ। ਸਾਡੇ ਪੱਤਰਕਾਰ ਨੇ ਦਸਿਆ ਕਿ ਇਸ ਕਦਮ ਨਾਲ ਸੈਰ-ਸਪਾਟੇ ਨੂੰ ਉਤਸ਼ਾਹ ਮਿਲਣ ਦੀ ਉਮੀਦ ਏ , ਜਿਸ ਨਾਲ ਵਧੇਰੇ ਸੈਲਾਨੀ ਸ਼੍ਰੀਨਗਰ ਅਤੇ ਇਸਦੇ ਨੇੜਲੀਆਂ ਥਾਵਾਂ ਤੇ ਆ ਸਕਣਗੇ।

---

ਪੰਜਾਬ ਵਿੱਚ, ਕੱਲ੍ਹ ਜ਼ਿਲ੍ਹਾ ਤਰਨਤਾਰਨ ਦੇ ਪਿੰਡ ਪੰਜਵਾੜ ਖੁਰਦ ਤੋਂ ਦਹਿਸ਼ਤਗਰਦ ਸਾਜ਼ੋ ਸਮਾਨ ਦੀ ਇੱਕ ਹੋਰ ਵੱਡੀ ਜ਼ਖੀਰੇ ਦੀ ਬਰਾਮਦਗੀ ਨਾਲ ਇੱਕ ਵੱਡੀ ਦਹਿਸ਼ਤਗਰਦ ਸਾਜ਼ਿਸ਼ ਨੂੰ ਟਾਲ ਦਿੱਤਾ ਗਿਆ ਏ। ਬਰਾਮਦ ਕੀਤੇ ਗਏ ਸਾਜ਼ੋ ਸਮਾਂ ਵਿੱਚ ਇੱਕ ਰਾਕੇਟ ਪ੍ਰੋਪੇਲਡ

ਗ੍ਰੇਨੇਡ (RPG) ਲਾਂਚਰ, 2 ਕਿਲੋਗ੍ਰਾਮ ਤੋਂ ਵੱਧ ਧਾਤੂ ਧਮਾਕਾਖੇਜ਼ ਯੰਤਰ, ਸਟਿੱਕੀ ਬੰਬ, ਟਾਈਮਰ ਵਾਲੇ RDX ਦੇ ਦੋ ਪੈਕੇਟ, ਇੱਕ ਹੈਂਡ ਗ੍ਰੇਨੇਡ, 84 ਜ਼ਿੰਦਾ ਕਾਰਤੂਸਾਂ ਵਾਲੇ ਤਿੰਨ ਉੱਚ ਪੱਧਰੀ ਪਿਸਤੌਲ ਅਤੇ ਵਾਇਰਲੈੱਸ ਸੰਚਾਰ ਸੈੱਟ ਸ਼ਾਮਲ ਨੇ.ਇਸ ਬਾਰੇ ਜਾਣਕਾਰੀ ਦਿੰਦਿਆਂ DGP ਗੌਰਵ ਯਾਦਵ ਨੇ ਦੱਸਿਆ

byte

ਇਹ ਬਰਾਮਦਗੀ ਸੋਮਵਾਰ ਰਾਤ ਨੂੰ ਪਟਿਆਲਾ ਜ਼ਿਲ੍ਹੇ ਵਿੱਚ ਰਾਜਪੁਰਾ-ਸ਼ੰਭੂ ਰੇਲਵੇ ਟਰੈਕ ਦੇ ਨੇੜੇ ਹੋਏ ਧਮਾਕੇ ਦੀ ਜਾਂਚ ਦੇ ਜਾਰੀ ਰੱਖਣ ਵਿੱਚ ਕੀਤੀ ਗਈ ਏ, ਜਿਸ ਦੇ ਨਤੀਜੇ ਵਜੋਂ ਇੱਕ IED ਲਾਉਣ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀ ਦੀ ਮੌਤ ਹੋ ਗਈ ਸੀ ਜਿਸ ਵਿਚ ਸਪੱਸ਼ਟ ਤੌਰ 'ਤੇ ਸਮੇਂ ਤੋਂ ਪਹਿਲਾਂ ਧਮਾਕਾ ਹੋ ਗਿਆ ਸੀ । ਉਸਦੇ ਚਾਰ ਅਤਿ ਕੱਟੜਪੰਥੀ ਸਾਥੀਆਂ ਨੂੰ ਵੀ ਪੰਜਾਬ ਪੁਲਿਸ ਨੇ ਬਾਅਦ ਵਿੱਚ ਗ੍ਰਿਫਤਾਰ ਕੀਤਾ ਸੀ । ਉਹ ਪਾਕਿਸਤਾਨ ਦੀ ਹਮਾਇਤ ਪ੍ਰਾਪਤ ISI ਅਤੇ ਖਾਲਿਸਤਾਨ ਪੱਖੀ ਦਹਿਸ਼ਤਗਰਦੀ ਨੈੱਟਵਰਕ ਦਾ ਹਿੱਸਾ ਸਨ। ਉਸ ਸਮੇਂ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਹੈਂਡ ਗ੍ਰੇਨੇਡ, ਦੋ ਪਿਸਤੌਲ, ਤਕਨੀਕੀ ਤੌਰ 'ਤੇ ਅਤਿ ਆਧੁਨਿਕ ਸੰਚਾਰ ਯੰਤਰ ਬਰਾਮਦ ਕੀਤੇ ਗਏ ਸਨ। ਰਾਜ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਇਹ ਮਹੱਤਵਪੂਰਨ ਬਰਾਮਦਗੀ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵੱਲੋਂ ਕੀਤੇ ਗਏ

ਖੁਲਾਸਿਆਂ 'ਤੇ ਅਧਾਰਿਤ ਏ । ਸ੍ਰੀ ਯਾਦਵ ਨੇ ਕਿਹਾ ਕਿ ਜਾਂਚ 23 ਜਨਵਰੀ, 2026 ਨੂੰ ਹੋਏ ਸਰਹਿੰਦ ਰੇਲਵੇ ਟਰੈਕ IED ਬਲਾਸਟ ਮਾਮਲੇ ਅਤੇ 6 ਤੋਂ 7 ਨਵੰਬਰ, 2025 ਦੀ ਦਰਮਿਆਨੀ ਰਾਤ ਨੂੰ CIA ਮੋਗਾ 'ਤੇ ਹੋਏ ਗ੍ਰਨੇਡ ਹਮਲੇ ਵਿੱਚ ਇਸ ਦਹਿਸ਼ਤਗਰਦੀ ਮਾਡਿਊਲ ਦੀ ਸ਼ਮੂਲੀਅਤ ਦਾ ਪਤਾ ਲਾਉਣ 'ਤੇ ਵੀ ਕੇਂਦ੍ਰਿਤ ਏ । ਹੋਰ ਜਾਂਚ ਜਾਰੀ ਏ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਉਨ੍ਹਾਂ ਵੱਲੋਂ 5 ਮਈ ਨੂੰ ਭਾਰਤ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਜਾਵੇਗੀ ਅਤੇ ਸੱਤ ਰਾਜ ਸਭਾ ਮੈਂਬਰਾਂ, ਜਿਨ੍ਹਾਂ ਵਿੱਚ ਪੰਜਾਬ ਦੇ 6 ਮੈਂਬਰ ਵੀ ਸ਼ਾਮਲ ਨੇ, ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਪਾਰਟੀ ਬਦਲਣ ਦਾ ਮੁੱਦਾ ਉਠਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਲੋਕਾਂ ਦੇ ਫਤਵੇ ਨਾਲ ਵਿਸ਼ਵਾਸਘਾਤ ਦੇ ਬਰਾਬਰ ਨੇ. ਬੀਤੇ ਦਿਨੀਂ ਇੱਕ ਪ੍ਰੈਸ ਕਾਨਫਰੰਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੂੰ ਵਿਧਾਨ ਸਭਾ ਦੇ ਅੰਦਰ ਅਤੇ ਬਾਹਰ ਪੂਰਨ ਹਮਾਇਤ ਏ, ਜਿਸ ਕਰਕੇ ਸਭਾ ‘ਚ ਪਰਖ ਦੀ ਕੋਈ ਵੀ ਮੰਗ ਬੇਲੋੜੀ ਏ । ਰੇਲਵੇ ਟਰੈਕ ਧਮਾਕੇ ਦੀ ਘਟਨਾ ਬਾਰੇ ਓਹਨਾਂ ਕਿਹਾ ਕਿ ਪੰਜਾਬ ਸਰਕਾਰ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਾਉਣ ਲਈ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰਾਲੇ ਨਾਲ ਨਿਰੰਤਰ ਤਾਲਮੇਲ ਵਿੱਚ ਏ. ਉਨ੍ਹਾਂ ਜ਼ੋਰ ਦੇ ਕੇ ਕਿਹਾ "ਅਗਲੇ ਪਿਛਲੇ ਸਬੰਧਾਂ ਦਾ

ਪਤਾ ਲਾਉਣ ਲਈ ਜਾਂਚ ਜਾਰੀ ਏ ਅਤੇ ਇਸ ਅਪਰਾਧ ਵਿੱਚ ਸ਼ਾਮਲ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।" ਓਹਨਾਂ ਇਹ ਵੀ ਦੱਸਿਆ ਕਿ ਕੇਂਦਰ ਨੇ ਅਨਾਜ ਦੀ ਚੁਕਾਈ ਨੂੰ ਤੇਜ਼ ਕੀਤਾ ਏ ਤੇ ਝੋਨੇ ਦੇ ਭੰਡਾਰਨ ਨੂੰ ਯਕੀਨੀ ਬਣਾਉਣ ਲਈ 290 ਵਿਸ਼ੇਸ਼ ਰੇਲਗੱਡੀਆਂ ਲਾਈਆਂ ਗਈਆਂ ਨੇ. ਉਨ੍ਹਾਂ ਅੱਗੇ ਕਿਹਾ ਕਿ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਬਾਰੇ ਕੇਂਦਰੀ ਮੰਤਰੀ ਨਾਲ ਮੁਲਾਕਾਤ ਤੋਂ ਬਾਅਦ, ਪੰਜਾਬ 'ਚੋਂ ਅਨਾਜ ਦੀ ਚੁਕਾਈ ਨੂੰ ਤੇਜ਼ ਕਰ ਦਿੱਤਾ ਗਿਆ ਏ।

-----------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ 'ਚ ਹੜ੍ਹ ਰੋਕਥਾਮ ਕਾਰਜਾਂ ਦੀ ਸਮੀਖਿਆ ਦੇ ਲਗਾਤਾਰ ਦੂਜੇ ਦਿਨ ਕਲ੍ਹ ਜ਼ਿਲ੍ਹਾ ਜਲੰਧਰ ਵਿੱਚ ਸਤਲੁਜ ਦਰਿਆ ਦੇ ਕੰਢੇ ਸਥਿਤ ਗਿੱਦੜਪਿੰਡੀ ਅਤੇ ਮੰਡਾਲਾ ਛੰਨਾ ਪਿੰਡਾਂ ਵਿਖੇ ਹੜ੍ਹ ਸੁਰੱਖਿਆ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਹੜ੍ਹ ਵਰਗੇ ਹਾਲਾਤ ਦੌਰਾਨ ਜਾਨ-ਮਾਲ ਦੀ ਸੁਰੱਖਿਆ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ। ਡਰੇਨੇਜ ਅਤੇ ਸਿੰਜਾਈ ਵਿਭਾਗ ਦੇ ਅਧਿਕਾਰੀਆਂ ਨਾਲ ਹੜ੍ਹ ਰੋਕਥਾਮ ਕਾਰਜਾਂ ਵਾਲੀ ਥਾਂ ਪਹੁੰਚੇ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਹੜ੍ਹਾਂ ਦੌਰਾਨ ਦੋਵੇਂ ਪਿੰਡਾਂ ਨੂੰ ਜ਼ਮੀਨ ਦੇ ਕਟਾਅ ਦਾ ਸਾਹਮਣਾ ਕਰਨਾ ਪਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਮਾਨਸੂਨ ਦੌਰਾਨ

ਅਜਿਹੀਆਂ ਘਟਨਾਵਾਂ ਨੂੰ ਮੁੜ ਹੋਣ ਤੋਂ ਰੋਕਣ ਲਈ ਇਨ੍ਹਾਂ ਕਮਜ਼ੋਰ ਥਾਵਾਂ ਦੇ ਮਜ਼ਬੂਤ ਕਰਨ ਦੇ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਨੇ.

--------------------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਿੱਖਾਂ ਦੇ ਤੀਜੇ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਗੁਰੂ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਮਨੁੱਖਤਾ ਨੂੰ ਹਉਮੈ ਦਾ ਤਿਆਗ ਅਤੇ ਸੇਵਾ ਤੇ ਸ਼ਰਧਾ ਦਾ ਮਾਰਗ ਅਪਣਾਉਣ ਲਈ ਪ੍ਰੇਰਿਤ ਕੀਤਾ।

--------------------------------------------------------------------------------